'ਨੌਜਵਾਨ ਨਸ਼ਿਆਂ ਦਾ ਤਿਆਗ ਕਰਨ'

ਟੂਰਨਾਮੈਂਟ ਮੌਕੇ ਖਿਡਾਰੀਆਂ ਨਾਲ ਮਹਿਮਾਨ। ਜੱਸਲ 14/1/13

ਮਾਨਸਾ, 13 ਜਨਵਰੀ (ਜੱਸਲ)- ਪਿੰਡ ਭਲਾਈਕੇ ਵਿਖੇ ਡੇਰਾ ਬਾਬਾ ਲਾਲਦਾਸ ਸਪੋਰਟਸ ਕਲੱਬ ਵਲੋਂ ਤਿੰਨ ਰੋਜ਼ਾ ਕ੍ਰਿਕਟ ਟੂਰਨਾਮੈਂਟ ਸ਼ੁਰੂ ਕਰਵਾਇਆ ਗਿਆ, ਜਿਸ ਦਾ ਉਦਘਾਟਨ ਤਲਵੰਡੀ ਸਾਬੋ ਪਾਵਰ ਲਿਮਟਿਡ ਲੋਕ ਸੇਵਾ ਦੇ ਬੁਲਾਰੇ ਡਾ. ਵਿਸ਼ਾਲ ਅਗਰਵਾਲ ਤੇ ਪ੍ਰੀਤੀ ਰਾਵਤ ਨੇ ਕੀਤਾ। ਇਸ ਮੌਕੇ ਉਨ੍ਹਾਂ ਖਿਡਾਰੀਆਂ ਨਾਲ ਜਾਣ-ਪਛਾਣ ਕਰਦਿਆਂ ਕਿਹਾ ਕਿ ਨਸ਼ਿਆਂ ਤੋਂ ਦੂਰ ਰਹਿਣ ਲਈ ਖਿਡਾਰੀਆਂ ਨੂੰ ਖੇਡਾਂ ਵੱਲ ਲੱਗਣਾ ਚਾਹੀਦਾ ਹੈ ਕਿਉਂਕਿ ਖਿਡਾਰੀਆਂ ਦਾ ਖੇਡਾਂ ਦੇ ਨਾਲ ਸਰੀਰਕ ਵਿਕਾਸ ਵੀ ਹੁੰਦਾ ਹੈ। ਵਿਸ਼ਾਲ ਅਗਰਵਾਲ ਨੇ ਕਿਹਾ ਕਿ ਪਾਵਰ ਲਿਮਟਿਡ ਹਮੇਸ਼ਾ ਹੀ ਖੇਡ ਕਲੱਬਾਂ ਅਤੇ ਨੌਜਵਾਨਾਂ ਦਾ ਸਾਥ ਦੇਣ ਲਈ ਹਮੇਸ਼ਾ ਤਤਪਰ ਰਹਿੰਦਾ ਹੈ। ਇਸ ਮੌਕੇ ਉਨ੍ਹਾਂ ਟੂਰਨਾਮੈਂਟ ਦੀ ਸ਼ੁਰੂਆਤ ਰਿਬਨ ਕੱਟ ਕੇ ਕੀਤੀ। ਇਸ ਮੌਕੇ ਕਲੱਬ ਦੇ ਪ੍ਰਧਾਨ ਜਗਰੂਪ ਸਿੰਘ ਨੇ ਕਿਹਾ ਕਿ ਇਸ ਟੂਰਨਾਮੈਂਟ ਵਿਚ ਜ਼ਿਲੇ ਭਰ ਦੇ ਪਿੰਡਾਂ ਦੇ ਖਿਡਾਰੀ ਪਹੁੰਚੇ ਹੋਏ ਹਨ ਤੇ ਉਨ੍ਹਾਂ ਤਲਵੰਡੀ ਸਾਬੋ ਪਾਵਰ ਲਿਮਟਿਡ ਦੇ ਆਏ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸੰਦੀਪ ਸਿੰਘ ਉਪ ਪ੍ਰਧਾਨ, ਕੁਲਦੀਪ ਸਿੰਘ ਨਿੱਕਾ, ਸੁਖਦੇਵ ਸਿੰਘ ਮੈਂਬਰ, ਗੁਰਮੀਤ ਸਿੰਘ, ਪ੍ਰਦੀਪ ਸਿੰਘ ਆਦਿ ਹਾਜ਼ਰ ਸਨ।